# ਪੱਤਰਕਾਰ ਗੁਰਦੇਵ ਸਿੰਘ ਕੋਲੋਂ ਸਿਫਟ ਕਾਰ ਚੋਰੀ ਕਰਨ ਵਾਲੇ ਦੋ ਵਿਅਕਤੀਆਂ ਨੂੰ ਪੁਲਿਸ ਵੱਲੋਂ ਕੀਤਾ ਕਾਬੂ




ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਪੁਲਿਸ ਮੁੱਖੀ ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ. ਦੀ ਅਗਵਾਈ ਹੇਠ ਸ਼ਰਾਰਤੀ ਅਨਸਰਾਂ ਖਿਲਾਫ ਕਾਰਵਾਈ ਕਰਦਿਆਂ ਪੱਤਰਕਾਰ ਗੁਰਦੇਵ ਸਿੰਘ ਕੋਲੋਂ ਸਿਫਟ ਕਾਰ ਚੋਰੀ ਕਰਨ ਵਾਲੇ 02 ਵਿਅਕਤੀਆਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਗਈ ਹੈ।

ਗੁਰਦੇਵ ਸਿੰਘ ਪੁੱਤਰ ਗੁਰਜੰਟ ਸਿੰਘ ਵਾਸੀ ਅਬੋਹਰ ਰੋਡ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਉਹ ਜਲਾਲਾਬਾਦ ਤੋਂ ਆਪਣੀ ਸਵਿਫਟ ਕਾਰ ਪੀਬੀ 30 ਵੀ 2056 ਤੇ ਵਾਪਿਸ ਸ੍ਰੀ ਮੁਕਤਸਰ ਸਾਹਿਬ ਆ ਰਿਹਾ ਸੀ ਜਦ ਉਹ ਮੋੜ ਰੋਡ ਨਜ਼ਦੀਕ ਸ੍ਰੀ ਮੁਕਤਸਰ ਸਾਹਿਬ ਪਹੁੰਚਿਆ ਤਾਂ ਬਾਥਰੂਮ ਕਰਨ ਲਈ ਕਾਰ ਵਿੱਚ ਉਤਰਿਆ ਜਿਸ ਦੌਰਾਨ ਅਣਪਛਾਤੇ ਵਿਅਕਤੀਆਂ ਵੱਲੋਂ ਉਸਦੀ ਸਵਿਫਟ ਕਾਰ ਚੋਰੀ ਕਰਕੇ ਭਜਾ ਕੇ ਲੈ ਗਏ ਜਿਸ ਤੇ ਪੁਲਿਸ ਵੱਲੋਂ ਮੁਕੱਦਮਾ ਨੰਬਰ 169 ਮਿਤੀ 15.09.2024 ਅ/ਧ 303(2) ਬੀ.ਐਨ.ਐਸ, ਅਣਪਛਾਤੇ ਵਿਅਕਤੀਆ ਖਿਲਾਫ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਵਿਖੇ ਦਰਜ ਕੀਤਾ ਗਿਆ।